ਮਿਤੀ 1 ਅਗਸਤ 2017 ਨੂੰ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਕਰੋਲ ਬਾਗ ਦੇ ਅਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਤੇ ਪਿਆਰ ਨਾਲ ਮਨਾਇਆ।

ਇਸ ਵਿਸ਼ੇਸ਼ ਮੌਕੇ ਤੇ ਸਕੂਲ ਚੇਅਰਮੈਨ; ਜੱਥੇਦਾਰ ਕੁਲਦੀਪ ਸਿੰਘ ਭੋਗਲ, ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਮੈਂਬਰ ਅਤੇ ਕੌਂਸਿਲਰ ਐਮ. ਸੀ. ਡੀ; ਸ: ਪਰਮਜੀਤ ਸਿੰਘ ਰਾਣਾ; ਚੇਅਰਮੈਨ ਗੁਰੂ ਤੇਗ ਬਹਾਦਰ ਇਨਸਟੀਟਿਊਟ ਆਫ ਟੈਕਨਾਲਜੀ ਅਤੇ ਸਾਬਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ; ਸ: ਅਵਤਾਰ ਸਿੰਘ ਹਿੱਤ; ਸਕੂਲ ਦੇ ਸੀਨੀਅਰ ਵਾਇਸ ਚੇਅਰਮੈਨ ਸ: ਹਰਵਿੰਦਰ ਜੀਤ ਸਿੰਘ ਰਾਜਾ, ਸਕੂਲ ਦੇ ਸੀਨੀਅਰ ਵਾਇਸ ਚੇਅਰ ਮੈਨ ਸ: ਰਵਿੰਦਰ ਜੀਤ ਸਿੰਘ ਛਿੱਬਰ, ਸਕੂਲ ਗਵਰਨਿੰਗ ਬਾਡੀ ਦੇ ਮੈਂਬਰ ਸਾਹਿਬਾਨ ਅਤੇ ਵਖਰੀਆਂ-ਵਖਰੀਆਂ ਸਿੰਘ ਸਭਾਵਾਂ ਤੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ। ਜਿਨ੍ਹਾਂ ਦਾ ਸਕੂਲ ਦੀ ਮੈਨੇਜਮੈਂਟ ਕਮੇਟੀ ਅਤੇ ਪ੍ਰਿੰਸੀਪਲ ਸਾਹਿਬਾ ਵਲੋਂ ਨਿੱਘਾ ਸੁਆਗਤ ਕੀਤਾ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਵਲੋਂ ਰੱਖੇ ਗਏ ਸਹਿਜ ਪਾਠ ਦੇ ਭੋਗ ਪਾਉਣ ਨਾਲ ਕੀਤੀ ਗਈ। ਇਸ ਤੋਂ ਬਾਅਦ ਬੱਚਿਆਂ ਵਲੋਂ ਤਿਆਰ ਸ਼ਬਦ ਕੀਰਤਨ, ਕਵਿਤਾਵਾਂ, ਸਾਖੀਆਂ ਤੇ ਝਾਕੀ ਪ੍ਰਸੰਗ ਨੇ ਸਭ ਦਾ ਮਨ ਮੋਹ ਲਿਆ।

ਇਸ ਵਿਸ਼ੇਸ਼ ਮੌਕੇ ਤੇ ਸਕੂਲ ਦੇ ਚੇਅਰ ਮੈਨ ਸਾਹਿਬ ਨੇ ਸਭਨਾਂ ਨੂੰ ਸਾਹਿਬਾਂ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਜਿਸ ਉਦੇਸ਼ ਨਾਲ ਸ਼ੁਰੂ ਕੀਤੇ ਸਨ, ਨਿਸਚੇ ਹੀ ਇਹ ਸਕੂਲ ਇਸ ਉਦੇਸ਼ ਤੇ ਪੂਰੇ ਉੱਤਰ ਰਹੇ ਹਨ ਤੇ ਆਉਣ ਵਾਲੇ ਸਮੇਂ ਵਿਚ ਵੀ ਚੜ੍ਹਦੀ ਕਲਾ ਵਿਚ ਰਹਿਣਗੇ।

ਸ: ਅਵਤਾਰ ਸਿੰਘ ਹਿੱਤ ਜੀ ਨੇ ਸਾਹਿਬਾਂ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਗੁਰੂ ਸਾਹਿਬਾਨ ਦੀਆਂ ਸਿਖਿਆਵਾਂ ਨੂੰ

ਜੀਵਨ ਵਿਚ ਗੁਰਮਤਿ ਧਾਰਨ ਦੀ ਪ੍ਰੇਰਨਾ ਦਿੰਦਿਆਂ ਕਿਹਾ ਕਿ ਗੁਰੂ ਸਾਹਿਬ ਨੇ ਗੁਰਬਾਣੀ ਦਾ ਸਤਿਕਾਰ ਕਰਦਿਆਂ ਜਿਹਨਾਂ ਔਰੰਗਜ਼ੇਬ ਨੂੰ ਦਰਸ਼ਨ ਨਹੀਂ ਦਿੱਤੇ ਸਨ, ਸਾਨੂੰ ਵੀ ਗੁਰਬਾਣੀ ਦਾ ਸਤਿਕਾਰ ਇਸੇ ਤਰੀਕੇ ਨਾਲ ਹੀ ਕਰਨਾ ਹੈ।

ਸ: ਪਰਮਜੀਤ ਸਿੰਘ ਰਾਣਾ ਜੀ ਨੇ ਸਾਹਿਬਾਂ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸਾਰੇ ਧਰਮ ਪਰਮਾਤਮਾ ਦੀ ਗੱਲ ਤਾਂ ਕਰਦੇ ਹਨ ਪਰ ਸਾਂਝੀਵਾਲਤਾ ਦੀ ਗੱਲ ਕੇਵਲ ਸਿੱਖ ਧਰਮ ਵਿੱਚ ਹੀ ਦੇਖਣ ਨੂੰ ਮਿਲਦੀ ਹੈ।

ਇਸ ਵਿਸ਼ੇਸ਼ ਮੌਕੇ ਤੇ ਸਕੂਲ ਦੇ ਉਹਨਾਂ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਇਨਾਮ ਵੀ ਦਿੱਤੇ ਗਏ ਜਿਹਨਾਂ ਨੇ ਵੱਖਰੇ-ਵੱਖਰੇ ਵਿਸ਼ਿਆਂ ਵਿੱਚ ਹੋਏ ਜ਼ੋਨਲ ਮੁਕਾਬਲਿਆਂ ਵਿਚ ਪਹਿਲਾ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤੇ ਸਿੱਖ ਚੇਤਨਾ ਮਿਸ਼ਨ ਦੀ ਪ੍ਰੀਖਿਆ ਵਿਚ ਸਫਲ ਹੋਏ।

ਪ੍ਰੋਗਰਾਮ ਦੇ ਅੰਤ ਵਿਚ ਸਕੂਲ ਦੀ ਪ੍ਰਿੰਸੀਪਲ ਸਾਹਿਬਾ ਜਸਵਿੰਦਰ ਕੌਰ ਸੇਗਾਨ ਵਲੋਂ ਸਕੂਲ ਵਿਚ ਹੋ ਰਹੇ ਵਿਕਾਸ ਉੱਤੇ ਰੌਸ਼ਨੀ ਪਾਈ। ਤੇ ਉਹਨਾਂ ਨੇ ਪਤਵੰਤੇ ਸੱਜਣਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹਨਾਂ ਦੇ ਸਹਿਯੋਗ ਨਾਲ ਸਕੂਲ ਦਿਨ-ਦੁਗਣੀ ਰਾਤ ਚੌਗੁਣੀ ਤਰੱਕੀ ਕਰ ਰਿਹਾ ਹੈ। ਪ੍ਰੋਗਰਾਮ ਦੀ ਸਮਾਪਤੀ ਤੇ ਬਾਅਦ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ

— x —